ਪੰਜਾਬ ਸਰਕਾਰ
ਸਿੱਖਿਆ ਵਿਭਾਗ

ਸੇਵਾ ਵਿਖੇ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
2. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)
3. ਸਮੂਹ ਸਰਕਾਰੀ ਸਕੂਲਾਂ ਦੇ ਮੁੱਖੀ
4. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ

ਮੀਮੋ ਨੰ: 15/61-2017 ਏ ਸ਼ਾਖਾ (1)/201823152
ਮਿਤੀ: 19.06.2018

ਵਿਸ਼ਾ:- ਗਰੁੱਪ ਏ, ਬੀ, ਸੀ ਅਤੇ ਡੀ ਅਧਿਕਾਰੀਆਂ/ਕਰਮਚਾਰੀਆਂ ਦੀਆਂ ਸਲਾਨਾ ਗੁਪਤ ਰਿਪੋਰਟਾਂ ਸਮੇਂ ਸਿਰ ਲਿਖਣ ਬਾਰੇ।

ਹਵਾਲਾ:- ਪੰਜਾਬ ਸਰਕਾਰ, ਪ੍ਰਸੋਨਲ ਵਿਭਾਗ (ਪ੍ਰਸੋਨਲ ਪਾਲਸੀ-1 ਸ਼ਾਖਾ) ਦੇ ਪੱਤਰ ਨੰ: 7/54/2011-2 ਪੀ.ਪੀ.1/851 ਮਿਤੀ: 12.12.2011 ਅਤੇ ਪੱਤਰ ਨੰ: 15/27/2008-1ਪੀ.ਪੀ.1/1197851/1 ਮਿਤੀ 27.03.2018 ਦੇ ਹਵਾਲੇ ਵਿੱਚ।

ਉਪਰੋਕਤ ਵਿਸ਼ੇ ਸਬੰਧੀ ਇਹ ਦੇਖਣ ਵਿੱਚ ਆਇਆ ਹੈ ਕਿ ਬਹੁਤ ਸਾਰੇ ਅਧਿਕਾਰੀਆਂ ਵੱਲੋਂ ਆਪਣੇ ਅਧੀਨ ਕੰਮ ਕਰਦੇ ਅਮਲੇ ਦੀਆਂ ਸਲਾਨਾ ਗੁਪਤ ਰਿਪੋਰਟਾਂ ਸਮੇਂ-ਸਿਰ ਨਹੀਂ ਲਿਖੀਆਂ ਜਾਂਦੀਆਂ ਹਾਲਾਂਕਿ ਸਰਕਾਰ ਦੀਆਂ ਇਸ ਸਬੰਧੀ ਹਦਾਇਤਾਂ ਵਿੱਚ ਹਰ ਪੱਧਰ (ਰਿਪੋਰਟ ਕਰਤਾ ਅਧਿਕਾਰੀ/ ਰੀਵਿਊ ਕਰਤਾ ਅਧਿਕਾਰੀ/ਪ੍ਰਵਾਨ ਕਰਤਾ ਅਧਿਕਾਰੀ) ਦਾ ਰਿਪੋਰਟਾਂ ਦਰਜ ਕਰਨ ਲਈ ਸਮਾਂ ਨਿਸ਼ਚਿਤ ਹੈ। ਕਿਉਂਜੋ ਸਲਾਨਾ ਗੁਪਤ ਰਿਪੋਰਟਾਂ ਰਾਜ ਸਰਕਾਰ ਦੇ ਕਰਮਚਾਰੀਆਂ/ਅਧਿਕਾਰੀਆਂ ਦੇ ਸੇਵਾ ਮਾਮਲਿਆਂ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ, ਇਨ੍ਹਾਂ ਸਲਾਨਾ ਗੁਪਤ ਰਿਪੋਰਟਾਂ ਦੀ ਅਣਹੋਂਦ ਵਿੱਚ ਅਧਿਕਾਰੀਆਂ/ ਕਰਮਚਾਰੀਆਂ ਦੇ ਸੇਵਾ ਮਾਮਲਿਆਂ ਨੂੰ ਵਿਚਾਰਦੇ ਸਮੇਂ ਔਕੜਾਂ ਆਉਂਦੀਆਂ ਹਨ ਅਤੇ ਬਹੁਤ ਵਾਰ ਬੇਲੋੜੀ ਲਿਟੀਗੇਸ਼ਨ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ। ਹਰੇਕ ਅਧਿਕਾਰੀ/ਕਰਮਚਾਰੀ ਦੀ ਸਲਾਨਾ ਗੁਪਤ ਰਿਪੋਰਟ 31 ਦਸੰਬਰ ਤੱਕ ਹਰ ਪੱਖੋਂ ਮੁਕੰਮਲ ਹੋਣੀ ਚਾਹੀਦੀ ਹੈ। ਮਿਸਾਲ ਦੇ ਤੌਰ ਤੇ ਸਾਲ 2016-17 ਦੀ ਗੁਪਤ ਰਿਪੋਰਟ ਮਿਤੀ 31.12.2017 ਤੱਕ ਪ੍ਰਵਾਨ ਕਰਤਾ ਅਧਿਕਾਰੀ ਤੋਂ ਪ੍ਰਵਾਨ ਹੋਣੀ ਚਾਹੀਦੀ ਹੈ। ਜੇਕਰ ਇਸ ਮਿਤੀ ਤੱਕ ਇਹ ਰਿਪੋਰਟ ਮੁਕੰਮਲ ਨਹੀਂ ਹੁੰਦੀ ਤਾਂ ਇਸ ਤੋਂ ਬਾਅਦ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਇਸ ਸਾਲ ਦੀ ਸਲਾਨਾ ਗੁਪਤ ਰਿਪੋਰਟ ਲਿਖੀ ਨਹੀਂ ਜਾ ਸਕਦੀ, ਸਗੋਂ ਇਸ ਸਾਲ ਦਾ 'ਨੋ ਰਿਪੋਰਟ ਸਰਟੀਫਿਕੇਟ' ਹੀ ਦਿੱਤਾ ਜਾ ਸਕਦਾ ਹੈ।

ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਪ੍ਰਸੋਨਲ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਆਪਣੇ ਅਧੀਨ ਕੰਮ ਕਰਦੇ ਸਮੂਹ ਕਰਮਚਾਰੀਆਂ/ਅਧਿਕਾਰੀਆਂ ਦੀਆਂ ਸਲਾਨਾ ਗੁਪਤ ਰਿਪੋਰਟਾਂ ਹਰ ਸਾਲ 31 ਦਸੰਬਰ ਤੱਕ ਮੁਕੰਮਲ ਕਰਨੀਆਂ ਯਕੀਨੀ ਬਣਾਈਆਂ ਜਾਣ।

ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਸਕੱਤਰ ਸਕੂਲ ਸਿੱਖਿਆ
ਮਿਤੀ:

ਪਿੱਠ ਅੰਕਣ ਨੰ: ਉਕਤ

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.), ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.), ਪੰਜਾਬ।
3. ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।

ਸਕੱਤਰ ਸਕੂਲ ਸਿੱਖਿਆ